ਦਫਤਰ ਕਾਰਜਕਾਰੀ ਇੰਜੀਨਅਰ, ਪ੍ਰਾਂਤਕ ਮੰਡਲ ਨੰ: 2, ਲੋ: ਨਿ: ਵਿ, ਭ: ਤੇ ਮ: ਸ਼ਾਖਾ, ਪਟਿਆਲਾ
ਚੋਥੀ ਮੰਜਿਲ, ਬਲਾਕ-ਸੀ ਮਿੰਨੀ ਸਕੱਤਰੇਤ, ਪਟਿਆਲਾ ।
Email id : eepd2ptapwdpb@gmail.com Tel. & Fax No. 0175-2362100

ਵੱਲ

ਪ੍ਰਿੰਸੀਪਲ
ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀ:ਸੈ:ਸਕੂਲ,
ਰਾਏਪੁਰ, ਬਹਾਦਰਗੜ੍ਹ, ਜਿਲ੍ਹਾ ਪਟਿਆਲਾ।।

(8)

ਮੀਮੋ ਨੰ : 2122 ਮਿਤੀ 30/7/19

ਵਿਸ਼ਾ:- **ਸਕੂਲ (ਬਿਲਡਿੰਗ) ਸੇਫਟੀ ਸਰਟੀਫਿਕੇਟ ਜਾਰੀ ਕਰਨ ਬਾਰੇ।**
(ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀ.ਸੈ:ਸਕੂਲ, ਰਾਏਪੁਰ, ਬਹਾਦਰਗੜ੍ਹ,ਜਿਲ੍ਹਾ ਪਟਿਆਲਾ)

ਉਪਰੋਕਤ ਵਿਸ਼ੇ ਸਬੰਧੀ ਸਕੂਲ ਦਾ ਨਿਰੀਖਣ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ,ਨੰ:3 ਭ ਤੇ ਮ ਸ਼ਾਖਾ, ਪਟਿਆਲਾ ਵੱਲੋਂ ਕੀਤਾ ਗਿਆ। ਉਨ੍ਹਾਂ ਦੀ ਰਿਪੋਰਟ ਅਨੁਸਾਰ ਸਕੂਲ ਬਿਲਡਿੰਗ ਵੇਖਣ ਵਿੱਚ ਸੁਰੱਖਿਅਤ ਜਾਪਦੀ ਹੈ ਅਤੇ ਆਮ ਵਰਤੋਂ ਲਈ ਦਰੁੱਸਤ ਹੈ।

ਇਸ ਲਈ ਇਹ ਸੇਫਟੀ ਸਰਟੀਫਿਕੇਟ ਆਪ ਨੂੰ ਪੱਤਰ ਜਾਰੀ ਹੋਣ ਦੀ ਮਿਤੀ ਤੋਂ ਮਿਤੀ 31.03.2024 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1) ਜੇ ਸਕੂਲ ਦੀ ਇਮਾਰਤ ਵਿਚ ਕਿਸੇ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋਂ ਇਸ ਦਾ ਸਰਟੀਫਿਕੇਟ ਦੁਬਾਰਾ ਲਿਆ ਜਾਵੇ ।
2) ਜੇ ਬਿਲਡਿੰਗ ਹੜਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋਂ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋਂ ਦੁਬਾਰਾ ਚੈੱਕ ਕਰਵਾਇਆ ਜਾਵੇ।
3) ਫਾਇਰ ਸੇਫਟੀ ਸਰਟੀਫਿਕੇਟ ਨਵੀਕਰਨ ਦੀ ਨਿਰੋਲ ਜਿੰਮੇਵਾਰੀ ਬਿਨੈਕਾਰ ਦੀ ਹੋਵੇਗੀ ਨਹੀਂ ਤਾਂ ਤੁਰੰਤ ਸਮੇਂ ਤੋਂ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ। ਫਾਇਰ ਸਟੇਸ਼ਨ ਅਫਸਰ ਦੀਆਂ ਸ਼ਰਤਾਂ ਮੁਤਾਬਕ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

**ਕਾਰਜਕਾਰੀ ਇੰਜੀਨੀਅਰ,**
**ਪ੍ਰਾਂਤਕ ਮੰਡਲ ਨੰ,2 :**
**ਭ: ਤੇ ਮ: ਸ਼ਾਖਾ, ਪਟਿਆਲਾ**

ਪਿੱਠ ਅੰਕਣ ਨੰ: ਮਿਤੀ

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਨੰ:3, ਭ ਤੇ ਮ ਸ਼ਾਖਾ, ਪਟਿਆਲਾ ਨੂੰ ਉਨ੍ਹਾਂ ਦੇ ਪੱਤਰ ਨੰ: 299 ਮਿਤੀ 24.07.2019 ਦੇ ਹਵਾਲੇ ਵਿੱਚ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**ਕਾਰਜਕਾਰੀ ਇੰਜੀਨੀਅਰ,**